
19-Oct-BTD-Pages.qxd 10/19/2025 10:40 PM Page 2



## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ



**ਰੇਡੀਓ**

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **20 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਸਤਿੰਦਰਬੀਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

**ਪੀ. ਟੀ. ਸੀ.**

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 20 **ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਸਿਮਰਨਜੀਤ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਜਗਤਾਰ ਸਿੰਘ ਖ਼** ਤੇ **21 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ** ਕੀਰਤਨ ਕਰਨਗੇ।

**ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।**

**ਮੁੱਖ ਵਾਕ ਦੀ ਕਥਾ : 20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ** ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।




ਰੰਗੋਲੀ ਪ੍ਰਤੀਯੋਗਤਾ 'ਚ ਭਾਗ ਲੈਂਦੇ ਬੱਚੇ ਅਤੇ ਸਨਮਾਨ ਕਰਦੇ ਮੁੱਖ ਮਹਿਮਾਨ ਵੀਨੂੰ ਗੋਇਲ। ਅਜੀਤ ਤਸਵੀਰ

# ਸਕੂਲ ਵਿਚ ਧੂਮਧਾਮ ਨਾਲ ਮਨਾਇਆ 'ਉਮੰਗ' ਸਮਾਰੋਹ

ਬਠਿੰਡਾ, 19 ਅਕਤੂਬਰ (ਅਵਤਾਰ ਸਿੰਘ ਕੈਂਥ)- ਡਿਫ਼ਰੈਂਟ ਕਾਨਵੈਂਟ ਸਕੂਲ ਘੁੱਦਾ ਵਿਚ ਦੀਵਾਲੀ ਦੇ ਉਤਸਵ ਤੇ ਉਮੰਗ ਸਮਾਰੋਹ ਧੂਮਧਾਮ ਨਾਲ ਮਨਾਇਆ ਗਿਆ। ਇਸ ਉਤਸਵ 'ਚ ਦੀਵਾਲੀ ਦੇ ਤਿਉਹਾਰ ਸੰਬੰਧੀ ਸਕੂਲ ਵਿਚ ਵੱਖ-ਵੱਖ ਪ੍ਰਤੀਯੋਗਤਾਵਾਂ ਕਰਵਾਈਆਂ ਗਈਆਂ ਜਿਸ ਵਿਚ ਦੀਵਾ ਅਤੇ ਕੈਂਡਲ (ਮੋਮਬੱਤੀ) ਮੈਕਿੰਗ ਪ੍ਰਤੀਯੋਗਤਾ, ਕਾਰਡ ਮੈਕਿੰਗ ਅਤੇ ਫੂਡ ਵਿਦਆਊਟ ਫ਼ਾਇਰ, ਰੰਗੋਲੀ ਅਤੇ ਕਵਿਤਾ ਗਾਣ ਪ੍ਰਤੀਯੋਗਤਾ ਸ਼ਾਮਲ ਸਨ। ਇਸ ਮੌਕੇ ਏਮਜ਼ ਹਸਪਤਾਲ ਬਠਿੰਡਾ ਦੇ ਯੂਰੋਲੋਜੀ ਵਿਭਾਗ ਦੇ ਪ੍ਰਮੁੱਖ ਡਾ. ਕੰਵਲਜੀਤ ਸਿੰਘ ਕੋਰਾ ਅਤੇ ਸਮਾਜ ਸੇਵੀ ਪ੍ਰਿੰਸੀਪਲ ਵੀਨੂੰ ਗੋਇਲ ਮੁੱਖ ਮਹਿਮਾਨ ਵਜੋਂ ਪਹੁੰਚੇ। ਉਨ੍ਹਾਂ ਨੇ ਸਾਰੇ ਪ੍ਰਤੀਯੋਗਤਾਵਾਂ ਦੀ ਪੇਸ਼ਕਾਰੀ ਦੀ ਬਹੁਤ ਸ਼ਲਾਘਾ ਕੀਤੀ ਅਤੇ ਜੇਤੂ ਵਿਦਿਆਰਥੀਆਂ ਨੂੰ ਟਰਾਫ਼ੀ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਚੇਅਰਮੈਨ ਐਮ.ਕੇ. ਮੰਨਾ ਅਤੇ ਪ੍ਰਿੰਸੀਪਲ ਨਰੇਸ਼ ਸ਼ਰਮਾ ਨੇ ਬੱਚਿਆਂ ਨੂੰ ਦੀਵਾਲੀ ਦੀਆਂ ਬਹੁਤ- ਬਹੁਤ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਦੀਵਾਲੀ ਦੀ ਮਹੱਤਤਾ ਸੰਬੰਧੀ ਜਾਣਕਾਰੀ ਦਿੱਤੀ ਅਤੇ ਆਉਣ ਵਾਲੇ ਭਵਿੱਖ ਵਿਚ ਹਮੇਸ਼ਾ ਇਸ ਤਰ੍ਹਾਂ ਪ੍ਰਤੀਯੋਗਤਾ ਵਿਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਦੀਵਾਲੀ ਦੇ ਅਵਸਰ 'ਤੇ ਉਨ੍ਹਾਂ ਨੇ ਬੱਚਿਆਂ ਨੂੰ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਅਤੇ ਘੱਟ ਤੋਂ ਘੱਟ ਪਟਾਖਿਆਂ ਦੀ ਵਰਤੋਂ ਕਰਨ ਲਈ ਅਤੇ ਬੱਚਿਆਂ ਨੂੰ ਗਰੀਨ ਦੀਵਾਲੀ ਮਨਾਉਣ ਲਈ ਜਾਗਰੂਕ ਕੀਤਾ।

# ਮਾਊਂਟ ਲਿਟਰਾ ਜ਼ੀ ਸਕੂਲ ਦੀ ਵਿਦਿਆਰਥਣ ਨੇ ਰਿਦਮਿਕ ਯੋਗਾ ਵਿਚ ਚਾਂਦੀ ਦਾ ਤਗਮਾ ਜਿੱਤਿਆ

ਲਹਿਰਾ ਮੁਹੱਬਤ, 19 ਅਕਤੂਬਰ (ਸੁਖਪਾਲ ਸਿੰਘ ਸੁੱਖੀ)-ਮਾਊਂਟ ਲਿਟਰਾ ਜ਼ੀ ਸਕੂਲ ਲਹਿਰਾ ਧੂਰਕੋਟ ਦੀ ਵਿਦਿਆਰਥਣ ਸਮਰੀਤ ਕੌਰ ਸਿੱਧੂ ਨੇ ਬਲਾਕ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਵਿਚ ਰਿਦਮਿਕ ਯੋਗਾ ਮੁਕਾਬਲੇ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਚਾਂਦੀ ਦਾ ਤਗਮਾ ਜਿੱਤਿਆ। ਸਮਰੀਤ ਨੇ ਆਪਣੀ ਮਿਹਨਤ, ਸਮਰਪਣ ਅਤੇ ਯੋਗ ਪ੍ਰਤੀ ਵਚਨਬੱਧਤਾ ਨਾਲ ਇਹ ਉਪਲਬਧੀ ਹਾਸਲ ਕੀਤੀ। ਇਸ ਮੌਕੇ ਸਕੂਲ ਦੇ ਪ੍ਰਧਾਨ ਸ਼੍ਰੀ ਗਗਨ ਬਾਂਸਲ, ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਅਤੇ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਨੇ ਸਮਰੀਤ ਕੌਰ ਦੀ ਸਫਲਤਾ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ, ਉਸਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਉਸ ਦੀ ਹੋਰ ਸਫਲਤਾ ਦੀ ਕਾਮਨਾ ਕੀਤੀ। ਸਕੂਲ ਪ੍ਰਬੰਧਕੀ ਕਮੇਟੀ ਨੇ ਇਹ ਵੀ ਕਿਹਾ ਕਿ ਅਜਿਹੇ ਪ੍ਰਤਿਭਾਸ਼ਾਲੀ ਵਿਦਿਆਰਥੀ ਸਕੂਲ ਦਾ ਨਾਮ ਰੌਸ਼ਨ ਕਰ ਰਹੇ ਹਨ ਅਤੇ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਵਜੋਂ ਸੇਵਾ ਕਰ ਰਹੇ ਹਨ। ਅਜਿਹੇ ਵਿਦਿਆਰਥੀਆਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ।

# ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਵਿਖੇ ਬੰਦੀ ਛੋੜ ਦਿਵਸ ਮਨਾਇਆ

ਭਗਤਾ ਭਾਈਕਾ, 19 ਅਕਤੂਬਰ (ਸੁਖਪਾਲ ਸਿੰਘ ਸੋਨੀ)- ਪ੍ਰਸਿੱਧ ਵਿੱਦਿਅਕ ਸੰਸਥਾ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਵਿਖੇ ਸਕੂਲ ਦੇ ਪ੍ਰਿੰਸੀਪਲ ਗੁਰਿੰਦਰ ਕੌਰ ਦੀ ਅਗਵਾਈ ਹੇਠ ਬੰਦੀ ਛੋੜ ਦਿਵਸ ਮਨਾਇਆ ਗਿਆ। ਸਵੇਰ ਦੀ ਸਭਾ ਵਿਚ ਬੰਦੀ ਬੰਦੀ ਛੋੜ ਦਿਵਸ ਬਾਰੇ ਜਾਣਕਾਰੀ ਦਿੱਤੀ ਗਈ। ਪ੍ਰਿੰਸੀਪਲ ਨੇ ਦੱਸਿਆ ਕਿ ਬੰਦੀ ਛੋੜ ਦਿਵਸ (ਮੁਕਤੀ ਦਾ ਦਿਵਸ) ਅੱਸੂ ਮਹੀਨੇ ਵਿਚ ਮਨਾਇਆ ਜਾਣ ਵਾਲਾ ਇੱਕ ਮਹੱਤਵਪੂਰਨ ਸਿੱਖਾਂ ਦਾ ਤਿਉਹਾਰ ਹੈ। ਸਿੱਖ ਜਗਤ ਵਿਚ ਬੰਦੀ-ਛੋੜ ਦਿਵਸ ਦਾ ਇਕ ਖ਼ਾਸ ਮਹੱਤਵ ਹੈ। ਜਮਾਤ ਪਹਿਲੀ ਅਤੇ ਦੂਸਰੀ ਜਮਾਤ ਦੇ ਦੀਵਾ ਸਜਾਉਣ ਮੁਕਾਬਲੇ ਵਿਚ ਵਿਦਿਆਰਥੀਆਂ ਨੇ ਬਹੁਤ ਹੀ ਸੁੰਦਰ ਦੀਏ ਸਜਾਏ। ਕਵਿਤਾ ਮੁਕਾਬਲੇ ਵਿਚ ਪਹਿਲੀ ਦੂਸਰੀ ਦੇ ਸਾਰੇ ਹੀ ਵਿਦਿਆਰਥੀਆਂ ਨੇ ਭਾਗ ਲਿਆ। ਇਹ ਐਕਟੀਵਿਟੀ ਜੂਨੀਅਰ ਵਿੰਗ ਦੇ ਐਕਟੀਵਿਟੀ ਇੰਚਾਰਜ ਮੈਡਮ ਰਜੀਵ ਕੌਰ ਦੁਆਰਾ ਕਰਵਾਈ ਗਈ। ਜਮਾਤ ਤੀਸਰੀ ਤੋਂ ਪੰਜਵੀਂ ਤੱਕ ਦੇ ਵਿਦਿਆਰਥੀਆਂ ਦਾ ਦੀਵਾ ਡੈਕੋਰੇਸ਼ਨ ਮੁਕਾਬਲਾ ਕਰਵਾਇਆ ਗਿਆ। ਵਿਦਿਆਰਥੀਆਂ ਦੁਆਰਾ ਦੀਵੇ ਦੀ ਵੱਖ-ਵੱਖ ਤਰੀਕਿਆਂ ਨਾਲ ਸਜਾਵਟ ਕੀਤੀ ਗਈ ਅਤੇ ਦੀਵੇ ਨੂੰ ਸਜਾਇਆ ਗਿਆ। ਜਮਾਤ ਨੌਵੀਂ ਤੋਂ ਬਾਰ੍ਹਵੀਂ ਤੱਕ ਦੇ ਵਿਦਿਆਰਥੀਆਂ ਦਾ ਕਲਾਸ ਡੈਕੋਰੇਸ਼ਨ ਕੰਪੀਟੀਸ਼ਨ ਕਰਵਾਇਆ ਗਿਆ। ਜਿਸ ਰਾਹੀਂ ਵਿਦਿਆਰਥੀਆਂ ਨੇ ਆਪਣੀ ਆਪਣੀ ਜਮਾਤ ਨੂੰ ਬਹੁਤ ਹੀ ਵਧੀਆ ਤਰੀਕੇ ਨਾਲ ਰੰਗੋਲੀ ਅਤੇ ਹੋਰ ਸਮਾਨ ਨਾਲ ਸਜਾਇਆ। ਰਿਸੈੱਪਸ਼ਨ ਏਰੀਆ ਨੂੰ ਸਜਾਉਣ ਵਿੱਚ ਆਰਟ ਐਂਡ ਕਰਾਫ਼ਟ ਦੇ ਅਧਿਆਪਕ ਇੰਦਰਜੀਤ ਸਿੰਘ ਕੋਟਕਪੂਰਾ ਅਤੇ ਇੰਦਰਜੀਤ ਸਿੰਘ ਭਗਤਾ ਨੇ ਅਹਿਮ ਭੂਮਿਕਾ ਨਿਭਾਈ। ਅਧਿਆਪਕਾਂ ਅਤੇ ਵਿਦਿਆਰਥੀਆਂ ਦੁਆਰਾ ਸਕੂਲ ਵਿਚ ਬੂਟੇ ਲਗਾਏ ਗਏ। ਇਹ ਐਕਟੀਵਿਟੀ, ਐਕਟੀਵਿਟੀ ਇੰਚਾਰਜ ਅਮਨਦੀਪ ਕੌਰ ਵੱਲੋਂ ਕਰਵਾਈ ਗਈ। ਪ੍ਰਿੰਸੀਪਲ ਮੈਡਮ ਗੁਰਿੰਦਰ ਕੌਰ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਬੰਦੀ ਛੋੜ ਦਿਵਸ ਦੀ ਵਧਾਈ ਦਿੱਤੀ।



ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਵਿਖੇ ਵਿਦਿਆਰਥਣਾਂ ਨਾਲ ਪ੍ਰਿੰਸੀਪਲ ਗੁਰਿੰਦਰ ਕੌਰ। ਤਸਵੀਰ: ਸੁਖਪਾਲ ਸਿੰਘ ਸੋਨੀ



ਸੀ.ਐਮ.ਐਸ. ਗੁਰੂ ਕਾਂਸੀ ਪਬਲਿਕ ਸਕੂਲ ਭਗਤਾ ਭਾਈਕਾ ਤੋਂ ਰੈਲੀ ਰਵਾਨਾ ਕਰਦੇ ਹੋਏ ਐਮ.ਡੀ.ਜੈ ਸਿੰਘ, ਉਨ੍ਹਾਂ ਨਾਲ ਪ੍ਰਿੰਸੀਪਲ ਰਮਨ ਕੁਮਾਰ। ਤਸਵੀਰ: ਸੁਖਪਾਲ ਸਿੰਘ ਸੋਨੀ

# ਸੀ.ਐਮ.ਐਸ. ਸਕੂਲ ਵਲੋਂ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਸਬੰਧੀ ਜਾਗਰੂਕਤਾ ਰੈਲੀ ਕੱਢੀ

ਭਗਤਾ ਭਾਈਕਾ, 19 ਅਕਤੂਬਰ (ਸੁਖਪਾਲ ਸਿੰਘ ਸੋਨੀ)- ਸੀ.ਐਮ.ਐਸ. ਗੁਰੂ ਕਾਸ਼ੀ ਪਬਲਿਕ ਸਕੂਲ ਭਗਤਾ ਭਾਈਕਾ ਵਲੋਂ ਵਾਤਾਵਰਨ ਵਿਚ ਵਧ ਰਹੇ ਪ੍ਰਦੂਸ਼ਣ ਨੂੰ ਰੋਕਣ ਲਈ ਇਕ ਜਾਗਰੂਕਤਾ ਰੈਲੀ ਕੱਢੀ ਗਈ। ਇਸ ਰੈਲੀ ਨੂੰ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਜੈ ਸਿੰਘ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਉਨ੍ਹਾਂ ਨੇ ਆਪਣੇ ਸੰਬੋਧਨ ਦੌਰਾਨ ਦੀਵਾਲੀ ਨੂੰ ਪ੍ਰਦੂਸ਼ਣ ਰਹਿਤ ਮਨਾਉਣ ਦਾ ਸੁਨੇਹਾ ਦਿੱਤਾ। ਉਨ੍ਹਾਂ ਆਖਿਆ ਕਿ ਆਉ ਪਟਾਕੇ ਨਾ ਚਲਾ ਕੇ ਸਗੋਂ ਪੌਦੇ ਲਗਾ ਕੇ ਗਰੀਨ ਦੀਵਾਲੀ ਮਨਾਉਣ ਦਾ ਪ੍ਰਾਣ ਲਈਏ। ਉਨ੍ਹਾਂ ਨੇ ਕਿਸਾਨ ਭਰਾਵਾਂ ਨੂੰ ਆਪਣੀ ਫ਼ਸਲ ਦੀ ਰਹਿੰਦ ਖੂੰਹਦ ਪਰਾਲੀ ਨੂੰ ਨਾ ਸਾੜਨ ਦੀ ਅਪੀਲ ਕੀਤੀ। ਸਕੂਲ ਦੇ ਪ੍ਰਿੰਸੀਪਲ ਰਮਨ ਕੁਮਾਰ ਨੇ ਕਿਹਾ ਕਿ ਇਸ ਤਰ੍ਹਾਂ ਦੇ ਤਿਉਹਾਰ ਸਾਨੂੰ ਆਪਸੀ ਪ੍ਰੇਮ ਪਿਆਰ ਨਾਲ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ। ਖ਼ਾਸ ਕਰਕੇ ਲੋੜਵੰਦ ਲੋਕਾਂ ਦੀ ਮਦਦ ਕਰਕੇ ਉਨ੍ਹਾਂ ਦੀਆਂ ਖ਼ੁਸ਼ੀਆਂ ਦਾ ਹਿੱਸਾ ਬਣਨਾ ਚਾਹੀਦਾ ਹੈ। ਰੈਲੀ ਦੌਰਾਨ ਵਿਦਿਆਰਥੀਆਂ ਵਲੋਂ ਸ਼ਹਿਰ ਵਾਸੀਆਂ ਨੂੰ ਵਾਤਾਵਰਨ ਨੂੰ ਬਚਾਉਣ ਦਾ ਆਪਣਾ ਸੁਨੇਹਾ ਵੱਖ-ਵੱਖ ਤਰ੍ਹਾਂ ਦੇ ਨਾਅਰੇ, ਜਿਵੇਂ ਕਿ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਓ ਹਰ ਘਰ ਵਿੱਚ ਖ਼ੁਸ਼ਹਾਲੀ ਲਿਆਓ ਅਤੇ ਪਰਾਲੀ ਨੂੰ ਅੱਗ ਨਾਲ ਲਗਾਓ ਪ੍ਰਦੂਸ਼ਣ ਰਹਿਤ ਪੰਜਾਬ ਬਣਾਓ ਆਦਿ ਬੋਲੇ ਗਏ। ਰੈਲੀ ਵਿਚ ਸਕੂਲ ਦੇ ਐਨ ਸੀ ਸੀ ਕੈਡਿਟਸ ਸਮੇਤ ਸੁਰਜੀਤ ਸਿੰਘ, ਰਵਿੰਦਰ ਕੁਮਾਰ, ਰੇਸ਼ਮ ਸਿੰਘ, ਨਵਜੋਤ ਸਿੰਘ, ਨਰਿੰਦਰ ਮੈਂਗੀ, ਸਾਹਿਲਕੁਮਾਰ ਅਤੇ ਮੈਡਮ ਕਰਮਜੀਤ ਕੌਰ, ਮੈਡਮ ਅੰਮ੍ਰਿਤ ਪਾਲ ਕੌਰ, ਮੈਡਮ ਮੀਨਾਕਸ਼ੀ ਆਦਿ ਹਾਜ਼ਰ ਸਨ।



ਕਿਸਾਨਾਂ ਨੂੰ ਬੂਟੇ ਵੰਡਣ ਮੌਕੇ ਖੇਤੀਬਾੜੀ ਵਿਕਾਸ ਅ਼ਫ਼ਸਰ ਨਵਕਰਨਜੋਤ ਸਿੰਘ। ਤਸਵੀਰ : ਸੰਜੀਵ ਸਿੰਗਲਾ

# ਕਿਸਾਨਾਂ ਨੂੰ ਬੂਟੇ ਵੰਡ ਕੇ ਗ੍ਰੀਨ ਦੀਵਾਲੀ ਮਨਾਉਣ ਦਾ ਸੁਨੇਹਾ ਦਿੱਤਾ

ਝੁਨੀਰ, 19 ਅਕਤੂਬਰ (ਸੰਜੀਵ ਸਿੰਗਲਾ)- ਖੇਤੀਬਾੜੀ ਵਿਕਾਸ ਅ਼ਫ਼ਸਰ ਬਲਾਕ ਝੁਨੀਰ ਨਵਕਰਨਜੋਤ ਸਿੰਘ ਵਲੋਂ ਗਰੀਨ ਦੀਵਾਲੀ ਮਨਾਈ ਗਈ। ਇਸ ਮੁਹਿੰਮ ਤਹਿਤ ਉਨ੍ਹਾਂ ਨੇ ਕਿਸਾਨਾਂ ਨੂੰ ਬੂਟੇ ਵੰਡ ਕੇ ਗਰੀਨ ਦੀਵਾਲੀ ਮਨਾਉਣ ਦਾ ਸੁਨੇਹਾ ਦਿੱਤਾ ਅਤੇ ਅਪੀਲ ਕੀਤੀ ਕਿ ਪਟਾਕਿਆਂ ਦੀ ਥਾਂ ਬੂਟੇ ਲਗਾ ਕੇ ਵਾਤਾਵਰਨ ਦੀ ਸੁਰੱਖਿਆ ਕਰੀਏ। ਉਨ੍ਹਾਂ ਨੇ ਕਿਹਾ ਕਿ ਅੱਜ ਪ੍ਰਦੂਸ਼ਣ ਦੇ ਪੱਧਰ ਵਿਚ ਦਿਨੋ-ਦਿਨ ਵਾਧਾ ਹੋ ਰਿਹਾ ਹੈ, ਜਿਸ ਨਾਲ ਮਨੁੱਖੀ ਸਿਹਤ, ਜਾਨਵਰਾਂ ਤੇ ਫ਼ਸਲਾਂ 'ਤੇ ਮਾੜਾ ਪ੍ਰਭਾਵ ਪੈ ਰਿਹਾ ਹੈ। ਧੂੰਏਂ ਅਤੇ ਧੂੜ ਕਾਰਨ ਹਵਾ ਦੀ ਗੁਣਵੱਤਾ ਘਟ ਰਹੀ ਹੈ। ਇਸ ਲਈ ਹਰ ਕਿਸਾਨ ਅਤੇ ਨਾਗਰਿਕ ਦਾ ਫ਼ਰਜ਼ ਹੈ ਕਿ ਉਹ ਆਪਣਾ ਯੋਗਦਾਨ ਦੇ ਕੇ ਵਾਤਾਵਰਨ ਨੂੰ ਸੁਰੱਖਿਅਤ ਬਣਾਵੇ। ਉਨ੍ਹਾਂ ਦੱਸਿਆ ਕਿ ਬਲਾਕ ਖੇਤੀਬਾੜੀ ਦਫ਼ਤਰ ਵਲੋਂ ਵੱਖ-ਵੱਖ ਪਿੰਡਾਂ ਵਿਚ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ ਜਿਨ੍ਹਾਂ ਵਿਚ ਪੌਦਾ ਰੋਪਣ, ਪ੍ਰਦੂਸ਼ਣ ਰੋਕਥਾਮ, ਪਰਾਲੀ ਪ੍ਰਬੰਧਨ ਤੇ ਪ੍ਰਕਿਰਤੀ ਸੁਰੱਖਿਆ ਬਾਰੇ ਲੋਕਾਂ ਨੂੰ ਸਿੱਖਿਆ ਦਿੱਤੀ ਜਾ ਰਹੀ ਹੈ।

## ਦੀਵਾਲੀ ਤੇ ਬੰਦੀ ਛੋੜ ਦਿਵਸ 'ਤੇ ਬਠਿੰਡਾ ਵਿਸ਼ੇਸ਼ ਸਪਲੀਮੈਂਟ

## ਵਿਸ਼ੇਸ਼ ਸਹਿਯੋਗ



ਅੰਮ੍ਰਿਤਪਾਲ ਸਿੰਘ ਵਲ੍ਹਾਣ
ਇੰਚਾਰਜ ਉਪ ਦਫਤਰ ਬਠਿੰਡਾ

## ਸਹਿਯੋਗੀ ਸੱਜਣ



ਸੂਬਾ ਸਿੰਘ ਬਾਦਲ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ; ਗੁਰਵਿੰਦਰ ਸਿੰਘ ਬਰਾੜ ਸਾਬਕਾ ਪਸਵਕ ਚੇਅਰਮੈਨ; ਕੁਲਵੰਤ ਸਿੰਘ ਬਰਾੜ ਸਾਬਕਾ ਸਰਪੰਚ ਰੋੜੀਕਪੂਰਾ; ਗੁਰਮੀਤਪਾਲ ਸ਼ਰਮਾ ਪੱਤਰਕਾਰ 'ਅਜੀਤ' ਜੈਤੋ; ਹਿੰਮਤ ਪਾਲ ਸ਼ਰਮਾ; ਹਰਬੰਸ ਸਿੰਘ ਬਰਾੜ ਮੈਨੇਜਰ ਪੀ ਏ ਡੀ ਬੀ ਜੈਤੋ; ਸੂਬਾ ਸਿੰਘ ਬਾਦਲ ਹਲਕਾ ਇੰਚਾਰਜ ਸ਼੍ਰੋ. ਅ. ਦਲ. ਜੈਤੋ; ਇਕਬਾਲ ਸਿੰਘ ਗੁਰੂ ਕੀ ਢਾਬ; ਗੁਰਵੰਸ਼ਪਾਲ ਸ਼ਰਮਾ

ਸੰਪਾਦਕ-ਰਾਜਿੰਦਰ ਸਿੰਘ। ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਲਿੱਧੜਾਂ, ਜਲੰਧਰ ਤੋਂ ਛਪਵਾ ਕੇ ਸ਼ਾਪ ਨੰ: 72, ਸੁਭਾਸ਼ ਮਾਰਕੀਟ, ਮਾਲ ਰੋਡ, ਬਠਿੰਡਾ ਤੋਂ ਪ੍ਰਕਾਸ਼ਤ ਕੀਤਾ। ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: PUNPUN/2017/70557

Editor- Rajinder Singh. Printer, Publisher and Secretary Parkash Kaur Hamdard. Printed for Sadhu Singh Hamdard Trust at Daily Ajit Printers, Lidhran, Jalandhar and Published from Shop No. 72, Subhash Market, Mall Road, Bathinda. RNI Regd. No:- PUNPUN/2017/70557